Office of the Deputy Commissioner & Distt. Magistrate, Bathinda
(Corona Monitoring Cell)

## ਦਫਤਰੀ ਹੁਕਮ

ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.), ਪੰਜਾਬ ਦੇ ਮੀਮੋ ਨੰਬਰ 04/08-2020 ਗ੍ਰਾਂਟ ਪੈਨਸ਼ਨ 2(1), ਮਿਤੀ 23.03.2020 ਰਾਹੀਂ ਲਿਖਿਆ ਹੈ ਕਿ ਰਾਜ ਦੇ ਗੈਰ ਸਰਕਾਰੀ ਵਿਦਿਅਕ ਸੰਸਥਾਵਾਂ ਵੱਲੋਂ ਨਵੇਂ ਦਾਖਲਿਆਂ ਸਬੰਧੀ ਲਈਆਂ ਜਾਣ ਵਾਲੀਆਂ ਫੀਸਾਂ ਦੀ ਅੰਤਿਮ ਮਿਤੀ 31.03.2020 ਨਿਰਧਾਰਿਤ ਕੀਤੀ ਗਈ ਸੀ। ਪ੍ਰੰਤੂ ਪੰਜਾਬ ਵਿੱਚ ਕੋਰੋਨਾ ਵਾਇਰਸ ਦੇ ਕਾਰਨ ਪੈਦਾ ਹੋਏ ਹਾਲਾਤਾਂ ਦੇ ਮੱਦੇਨਜਰ ਸਿੱਖਿਆ ਵਿਭਾਗ ਨੂੰ ਬਹੁਤ ਸਾਰੇ ਪੇਰੈਂਟਸ ਵੱਲੋਂ ਨਿਸਚਿਤ ਸਮੇਂ ਵਿੱਚ ਇਹ ਫੀਸਾਂ ਨਹੀਂ ਜਮਾਂ ਕਰਵਾਉਣ ਸਬੰਧੀ ਨਿਮਨ ਹਸਤਾਖਰ ਦੇ ਧਿਆਨ ਵਿੱਚ ਲਿਆਂਉਦਾ ਗਿਆ ਹੈ। ਉਕਤ ਪੱਤਰ ਦੇ ਸਨਮੁੱਖ ਤੇ ਮੌਜੂਦਾ ਸਥਿਤੀ ਦੇ ਮੱਦੇਨਜਰ ਅਤੇ ਵਿਦਿਆਰਥੀਆਂ ਦੇ ਮਾਪਿਆਂ ਦੇ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਸਮੂਹ ਗੈਰ ਸਰਕਾਰੀ ਵਿਦਿਅਕ ਸੰਸਥਾਵਾਂ ਫੀਸ ਜਮਾਂ ਕਰਵਾਉਣ ਦੀ ਅੰਤਿਮ ਮਿਤੀ ਨੂੰ ਰੀ-ਸ਼ਿਡਿਊਲ ਕਰਨਗੀਆਂ ਅਤੇ ਪੇਰੈਂਟਸ ਨੂੰ ਫੀਸ ਜਮਾਂ ਕਰਵਾਉਣ ਲਈ ਮਜਬੂਰ ਨਹੀਂ ਕਰਨਗੀਆਂ। ਹਾਲਾਤ ਸੁਧਰਣ ਉਪਰੰਤ ਸਬੰਧਤ ਵਿਦਿਆਰਥੀਆ ਦੇ ਮਾਪਿਆਂ ਨੂੰ ਦਾਖਲਿਆਂ ਦੀ ਫੀਸ ਜਮ੍ਹਾਂ ਕਰਵਾਉਣ ਲਈ ਇਕ ਮਹੀਨੇ ਦਾ ਸਮਾਂ ਉਪਲਬਧ ਕਰਵਾਉਣ ਅਤੇ ਫੀਸ ਲੈਣ ਸਮੇਂ ਕੋਈ ਵਾਧੂ ਜੁਰਮਾਨਾ ਆਦਿ ਨਹੀਂ ਲਗਾਇਆ ਜਾਵੇਗਾ।

ਜ਼ਿਲਾ ਮੈਜਿਸਟਰੇਟ,
ਬਠਿੰਡਾ।

ਪਿੱ.ਅੰਕਣ ਨੰ:927-942/CMC ਮਿਤੀ 03/04/2020

ਇਸ ਦਾ ਇੱਕ ਉਤਾਰਾ:

1. ਸੀਨੀਅਰ ਕਪਤਾਨ ਪੁਲਿਸ, ਬਠਿੰਡਾ
2. ਕਮਿਸ਼ਨਰ, ਨਗਰ ਨਿਗਮ, ਬਠਿੰਡਾ
3. ਵਧੀਕ ਡਿਪਟੀ ਕਮਿਸ਼ਨਰ (ਜਨਰਲ) / (ਵਿਕਾਸ), ਬਠਿੰਡਾ
4. ਉਪ ਮੰਡਲ ਮੈਜਿਸਟਰੇਟ, ਬਠਿੰਡਾ / ਤਲਵੰਡੀ ਸਾਬੋ/ ਰਾਮਪੁਰਾ ਫੂਲ/ ਮੌੜ
5. ਤਹਿਸੀਲਦਾਰ, ਬਠਿੰਡਾ / ਤਲਵੰਡੀ ਸਾਬੋ/ ਰਾਮਪੁਰਾ ਫੂਲ/ ਮੌੜ
6. ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਠਿੰਡਾ
7. ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ ਅਤੇ ਐ.ਸਿ), ਬਠਿੰਡਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਜ਼ਿਲ੍ਹੇ ਦੇ ਸਾਰੇ ਗੈਰ ਸਰਕਾਰੀ ਵਿਦਿਅਕ ਅਦਾਰਿਆਂ ਨੂੰ ਉਕਤ ਹੁਕਮਾਂ ਦੀ ਇੰਨ ਬਿੰਨ ਪਾਲਣਾ ਯਕੀਨੀ ਬਣਾਉਂਦੇ ਹੋਏ ਨੋਟ ਕਰਵਾਇਆ ਜਾਵੇ।
8. ਸਮੂਹ ਗੈਰ ਸਰਕਾਰੀ ਵਿਦਿਅਕ ਸੰਸਥਾਵਾਂ, ਬਠਿੰਡਾ (ਰਾਹੀਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ ਅਤੇ ਐ.ਸਿ), ਬਠਿੰਡਾ।

ਪਾਸ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜ਼ਿਲ੍ਹਾ ਮੈਜਿਸਟਰੇਟ,
ਬਠਿੰਡਾ।